**ਆਸਾ ਮਹਲਾ ੫ ॥ ਨੀਕੀ ਸਾਧ ਸੰਗਾਨੀ ॥ ਰਹਾਉ ॥ ਪਹਰ ਮੂਰਤ ਪਲ ਗਾਵਤ ਗਾਵਤ ਗੋਵਿੰਦ ਗੋਵਿੰਦ ਵਖਾਨੀ ॥੧॥ ਚਾਲਤ ਬੈਸਤ ਸੋਵਤ ਹਰਿ ਜਸੁ ਮਨਿ ਤਨਿ ਚਰਨ ਖਟਾਨੀ ॥੨॥ ਹਉ ਹਉਰੋ ਤੂ ਠਾਕੁਰੁ ਗਉਰੋ ਨਾਨਕ ਸਰਨਿ ਪਛਾਨੀ ॥੩॥੬॥੧੩੫॥** {ਪੰਨਾ 404}

ਪਦਅਰਥ:- ਨੀਕੀ—ਚੰਗੀ। ਸੰਗਾਨੀ—ਸੰਗਤਿ। ਰਹਾਉ।

ਪਹਰ—(ਅੱਠੇ) ਪਹਰ, ਹਰ ਵੇਲੇ। ਮੂਰਤ—ਮੁਹੂਰਤ, ਹਰ ਘੜੀ। ਵਖਾਨੀ—ਵਰਣਨ ਹੁੰਦਾ ਹੈ।1।

ਚਾਲਤ—ਤੁਰਦੇ ਫਿਰਦਿਆਂ। ਬੈਸਤ—ਬੈਠਦਿਆਂ। ਮਨਿ—ਮਨ ਵਿਚ। ਤਨਿ—ਤਨ ਵਿਚ, ਹਿਰਦੇ ਵਿਚ। ਚਰਨ ਖਟਾਨੀ—ਚਰਨਾਂ ਦਾ ਮਿਲਾਪ।2।

ਹਉ—ਮੈਂ। ਹਉਰੋ—ਹਉਲਾ, ਗੁਣ-ਹੀਨਾ। ਗਉਰੋ—ਭਾਰਾ, ਗੁਣਾਂ ਨਾਲ ਭਰਪੂਰ। ਸਰਨਿ—ਓਟ।3।

ਅਰਥ:- (ਹੇ ਭਾਈ!) ਸਾਧ ਸੰਗਤਿ (ਮਨੁੱਖ ਵਾਸਤੇ ਇਕ) ਸੋਹਣੀ ਬਰਕਤਿ ਹੈ। ਰਹਾਉ।

(ਹੇ ਭਾਈ! ਸਾਧ ਸੰਗਤਿ ਵਿਚ) ਅੱਠੇ ਪਹਰ, ਪਲ ਪਲ, ਘੜੀ ਘੜੀ ਪਰਮਾਤਮਾ ਦੀ ਸਿਫ਼ਤਿ-ਸਾਲਾਹ ਦੇ ਗੀਤ ਗਾਏ ਜਾਂਦੇ ਹਨ, ਪਰਮਾਤਮਾ ਦੀ ਸਿਫ਼ਤਿ-ਸਾਲਾਹ ਦੀਆਂ ਗੱਲਾਂ ਹੁੰਦੀਆਂ ਹਨ।1।

(ਹੇ ਭਾਈ! ਸਾਧ ਸੰਗਤਿ ਦੀ ਬਰਕਤਿ ਨਾਲ) ਤੁਰਦਿਆਂ ਬੈਠਿਆਂ ਸੁੱਤਿਆਂ (ਹਰ ਵੇਲੇ) ਪਰਮਾਤਮਾ ਦੀ ਸਿਫ਼ਤਿ-ਸਾਲਾਹ (ਕਰਨ ਦਾ ਸੁਭਾਉ ਬਣ ਜਾਂਦਾ ਹੈ) ਮਨ ਵਿਚ ਪਰਮਾਤਮਾ ਹਿਰਦੇ ਵਿਚ ਪਰਮਾਤਮਾ ਆ ਵੱਸਦਾ ਹੈ, ਪਰਮਾਤਮਾ ਦੇ ਚਰਨਾਂ ਵਿਚ ਹਰ ਵੇਲੇ ਮੇਲ ਬਣਿਆ ਰਹਿੰਦਾ ਹੈ।2।

ਹੇ ਨਾਨਕ! (ਆਖ—ਹੇ ਪ੍ਰਭੂ!) ਮੈਂ ਗੁਣ-ਹੀਨ ਹਾਂ, ਤੂੰ ਮੇਰਾ ਮਾਲਕ ਗੁਣਾਂ ਨਾਲ ਭਰਪੂਰ ਹੈਂ (ਸਾਧ ਸੰਗਤਿ ਦਾ ਸਦਕਾ) ਮੈਨੂੰ ਤੇਰੀ ਸਰਨ ਪੈਣ ਦੀ ਸੂਝ ਆਈ ਹੈ।3।6। 135।